## ਦਫ਼ਤਰ ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
### (ਫੁਟਕਲ ਸ਼ਾਖਾ)
### ਹੁਕਮ

ਮੇਰੇ ਧਿਆਨ ਵਿੱਚ ਆਇਆ ਹੈ ਕਿ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ 'ਸਾਈਬਰ ਕੇਫੇ' ਤੇ ਉਪਲੱਬਧ ਸੁਵਿਧਾਵਾਂ ਦੀ ਵਰਤੋਂ ਕਰਨ ਲਈ ਬਹੁਤ ਸਾਰੇ ਲੋਕ ਆਉਂਦੇ ਹਨ। ਇਹ ਵੀ ਜਾਣਕਾਰੀ ਪ੍ਰਾਪਤ ਹੋਈ ਹੈ ਕਿ ਕੁੱਝ ਅਸਮਾਜਿਕ ਤੱਤ, ਅਪਰਾਧੀ ਅਤੇ ਅੱਤਵਾਦੀ ਇਨ੍ਹਾਂ ਸੁਵਿਧਾਵਾਂ ਦੀ ਦੁਰਵਰਤੋਂ ਕਰ ਸਕਦੇ ਹਨ। ਜਿਸ ਨਾਲ ਸੁਰੱਖਿਆ/ਪੜਤਾਲੀਆ ਏਜੰਸੀਆਂ ਨੂੰ ਗੁਮਰਾਹ ਕੀਤਾ ਜਾ ਸਕੇ, ਪਬਲਿਕ ਵਿੱਚ ਦਹਿਸ਼ਤ ਪੈਦਾ ਕੀਤੀ ਜਾ ਸਕੇ, ਮਹੱਤਵਪੂਰਣ ਵਿਅਕਤੀਆਂ ਅਤੇ ਸਰਕਾਰੀ ਸੰਸਥਾਵਾਂ ਦੀ ਸੁਰੱਖਿਆ ਨੂੰ ਖਤਰਾ ਪੈਦਾ ਕੀਤਾ ਜਾ ਸਕੇ ਅਤੇ ਦਹਿਸ਼ਤਗਰਦਾਂ ਦੀ ਮਦਦ ਕੀਤੀ ਜਾ ਸਕੇ। ਅਜਿਹਾ ਕਰਨ ਨਾਲ ਰਾਜ ਦੀ ਸੁਰੱਖਿਆ ਸਿੱਧੇ ਤੌਰ ਤੇ ਪ੍ਰਭਾਵਿਤ ਹੋ ਸਕਦੀ ਹੈ।

ਇਸ ਲਈ ਮੈਂ ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ, ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਇਹ ਮਹਿਸੂਸ ਕਰਦੀ ਹਾਂ ਕਿ ਮਨੁੱਖੀ ਜਾਨਾਂ ਨੂੰ ਖਤਰੇ ਤੋਂ ਬਚਾਉਣ, ਕਿਸੇ ਦਹਿਸ਼ਤਗਰਦ ਕਾਰਵਾਈ ਜੋ ਕਿ ਰਾਜ ਦੀ ਸੁਰੱਖਿਆ ਦੇ ਪ੍ਰਤੀਕੂਲ ਪ੍ਰਭਾਵ ਪਾਉਂਦੀ ਹੋਵੇ ਅਤੇ ਅਮਨ ਤੇ ਕਾਨੂੰਨ ਨੂੰ ਭੰਗ ਕਰਦੀ ਹੋਵੇ, ਨੂੰ ਰੋਕਣ ਲਈ ਫੌਰੀ ਤੌਰ ਤੇ ਕਦਮ ਚੁੱਕੇ ਜਾਣੇ ਜ਼ਰੂਰੀ ਹਨ।

ਇਸ ਲਈ ਉਪਰੋਕਤ ਤੱਥਾਂ ਨੂੰ ਮੁੱਖ ਰੱਖਦੇ ਹੋਏ ਮੈਂ ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ, ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦੀ ਹੋਈ ਸਾਈਬਰ ਕੈਫ਼ੇ ਦੇ ਮਾਲਕਾਂ ਨੂੰ ਨਿਮਨ ਲਿਖਤ ਦੀ ਸਖਤੀ ਨਾਲ ਪਾਲਣਾ ਕਰਨ ਦਾ ਹੁਕਮ ਜਾਰੀ ਕਰਦੀ ਹਾਂ:-

1. ਕਿਸੇ ਅਣਜਾਣ ਵਿਅਕਤੀ ਨੂੰ ਜਿਸਦੀ ਪਹਿਚਾਣ ਕੈਫੇ ਮਾਲਕ ਵੱਲੋਂ ਨਹੀਂ ਕੀਤੀ ਗਈ, ਸਾਈਬਰ ਕੈਫੇ ਦੀ ਵਰਤੋਂ ਕਰਨ ਤੇ ਰੋਕ ਹੋਵੇਗੀ।
2. ਵਰਤੋਂ ਕਰਨ ਵਾਲੇ/ਆਉਣ ਵਾਲੇ ਵਿਅਕਤੀ ਦੀ ਪਹਿਚਾਣ ਦੇ ਰਿਕਾਰਡ ਲਈ ਰਜਿਸਟਰ ਲਾਇਆ ਜਾਵੇ।
3. ਆਉਣ ਵਾਲਾ/ਵਰਤੋਂ ਕਰਨ ਵਾਲਾ ਆਪਣੇ ਹੱਥ ਨਾਲ ਆਪਣਾ ਨਾਮ, ਘਰ ਦਾ ਪਤਾ, ਟੈਲੀਫੋਨ ਨੰਬਰ ਅਤੇ ਪਹਿਚਾਣ ਸਬੰਧੀ ਸਬੂਤ ਦਾ ਇੰਦਰਾਜ਼ ਕਰੇਗਾ। ਵਰਤੋਂ ਕਰਨ ਵਾਲਾ/ਆਉਣ ਵਾਲਾ ਇਸ ਮੰਤਵ ਲਈ ਰੱਖੇ ਗਏ ਰਜਿਸਟਰ ਵਿੱਚ ਹਸਤਾਖਰ ਵੀ ਕਰੇਗਾ।
4. ਵਰਤੋਂ ਕਰਨ ਵਾਲੇ/ਆਉਣ ਵਾਲੇ ਵਿਅਕਤੀ ਦੀ ਸ਼ਨਾਖਤ ਉਸਦੇ ਪਹਿਚਾਣ ਪੱਤਰ, ਵੋਟਰ ਕਾਰਡ, ਰਾਸ਼ਨ ਕਾਰਡ, ਡਰਾਈਵਿੰਗ ਲਾਇਸੰਸ ਅਤੇ ਫੋਟੋ ਨਾਲ ਕੀਤੀ ਜਾਵੇਗੀ।
5. ਐਕਟੀਵਿਟੀ ਸਰਵਰ ਲੌਗ ਮੁੱਖ ਸਰਵਰ ਵਿੱਚ ਸੁਰੱਖਿਅਤ ਹੋਵੇਗਾ ਅਤੇ ਇਸ ਦਾ ਰਿਕਾਰਡ ਮੁੱਖ ਸਰਵਰ ਵਿੱਚ ਘੱਟੋ ਘੱਟ ਛੇ ਮਹੀਨੇ ਲਈ ਸੁਰੱਖਿਅਤ ਰੱਖਿਆ ਜਾਵੇਗਾ।

6 ਜੇਕਰ ਸਾਈਬਰ ਕੈਫੇ ਵਿੱਚ ਆਉਣ ਵਾਲੇ ਕਿਸੇ ਵੀ ਵਿਅਕਤੀ ਦੀ ਗਤੀਵਿਧੀ ਸਾਈਬਰ ਕੈਫੇ ਦੇ ਮਾਲਕ ਨੂੰ ਸ਼ੱਕੀ ਲੱਗਦੀ ਹੈ ਤਾਂ ਉਹ ਸਬੰਧਤ ਪੁਲਿਸ ਸਟੇਸ਼ਨ ਨੂੰ ਸੂਚਿਤ ਕਰੇਗਾ।

7 ਕਿਸੇ ਵੀ ਵਿਅਕਤੀ ਵੱਲੋਂ ਵਰਤੇ ਗਏ ਵਿਸੇਸ਼ ਕੰਪਿਊਟਰ ਬਾਰੇ ਰਿਕਾਰਡ ਨੂੰ ਸੰਭਾਲ ਕੇ ਰੱਖੇਗਾ।

8 ਸਾਈਬਰ ਕੇਫੇ ਦੇ ਇੰਚਾਰਜ/ਮਾਲਕ ਲੋੜ ਅਨੁਸਾਰ ਮੁਕੰਮਲ ਸੂਚਨਾ ਨਜ਼ਦੀਕੀ ਪੁਲਿਸ ਸਟੇਸ਼ਨ ਨੂੰ ਉਪਲਬਧ ਕਰਵਾਉਣਗੇ।

ਇਹ ਹੁਕਮ 10-12-2018 ਤੋਂ 09-02-2019 ਤੱਕ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਤੁਰੰਤ ਅਸਰ ਨਾਲ ਲਾਗੂ ਹੋਵੇਗਾ।

ਹਾਲਾਤ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਜਾਰੀ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ।

ਇਸ ਹੁਕਮ ਦਾ ਪ੍ਰਚਾਰ ਜ਼ਿਲਾ ਲੋਕ ਸੰਪਰਕ ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਪ੍ਰਚਾਰ ਵੈਨ ਅਤੇ ਸਰਕਾਰੀ ਦਫ਼ਤਰਾਂ ਦੇ ਨੋਟਿਸ ਬੋਰਡਾਂ ਤੇ ਇਸ ਹੁਕਮ ਦੀਆਂ ਕਾਪੀਆਂ ਚਸਪਾ ਕਰਕੇ ਰੇਡੀਉ ਟੈਲੀਵੀਜਨ, ਦੂਰਦਰਸ਼ਨ ਅਤੇ ਪ੍ਰੈਸ ਰਾਹੀਂ ਆਮ ਜਨਤਾ ਤੱਕ ਪਹੁੰਚਾਇਆ ਜਾਵੇ।

ਇਹ ਹੁਕਮ ਅੱਜ ਮਿਤੀ 05-12-2018 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

District Magistrate S.A.S. Nagar

ਸਹੀ/-
ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ.
ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: 19879-19942 /ਐਮ.ਸੀ-1 ਮਿਤੀ: 13-12-18 09-10-2018

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ,ਪੰਜਾਬ ਸਰਕਾਰ,ਚੰਡੀਗੜ੍ਹ।
2. ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ,ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ. ਰੇਜ ਰੂਪਨਗਰ।
5. ਜਿਲਾ ਅਤੇ ਸ਼ੈਸ਼ਨ ਜੱਜ, ਐਸ.ਏ.ਐਸ.ਨਗਰ।
6. ਵਧੀਕ ਜਿਲਾ ਅਤੇ ਸ਼ੈਸ਼ਨ ਜੱਜ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
7. ਸਕੱਤਰ,ਪੰਜਾਬ ਸਕੂਲ ਸਿੱਖਿਆ ਬੋਰਡ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
8. ਸੀਨੀਅਰ ਪੁਲਿਸ ਕਪਤਾਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
9. ਸਮੂਹ ਜਿਲਾ ਮੈਜਿਸਟਰੇਟ ਰੂਪਨਗਰ, ਫਤਹਿਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਮਾਨਸਾ, ਲੁਧਿਆਣਾ, ਬਠਿੰਡਾ, ਫਿਰੋਜ਼ਪੁਰ, ਫਰੀਦਕੋਟ, ਮੋਗਾ,ਮੁਕਤਸਰ, ਅਮ੍ਰਿਤਸਰ, ਤਰਨ ਤਾਰਨ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਗੁਰਦਾਸਪੁਰ, ਬਰਨਾਲਾ, ਫਾਜਲਿਕਾ, ਪਠਾਨਕੋਟ।
10. ਕਮਿਸ਼ਨਰ, ਨਗਰ ਨਿਗਮ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
11. ਸਿਵਲ ਸਰਜਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
12. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
13. ਉਪ ਮੰਡਲ ਮੈਜਿਸਟਰੇਟ, ਮੋਹਾਲੀ, ਖਰੜ, ਡੇਰਾਬਸੀ।
14. ਤਹਿਸੀਲਦਾਰ, ਮੋਹਾਲੀ, ਖਰੜ, ਡੇਰਾਬਸੀ।
15. ਨਾਇਬ ਤਹਿਸੀਲਦਾਰ, ਮਾਜਰੀ, ਬਨੂੰੜ, ਜੀਰਕਪੁਰ।
16. ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਮਾਜਰੀ, ਖਰੜ, ਡੇਰਾਬਸੀ।
17. ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ, ਖਰੜ, ਕੁਰਾਲੀ, ਡੇਰਾਬਸੀ, ਨਿਆ ਗਰਾਓ, ਜੀਰਕੁਪਰ, ਬਨੂੜ ਅਤੇ ਲਾਲੜੂ।
18. ਜ਼ਿਲ੍ਹਾ ਟਰਾਂਸਪੋਰਟ,ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
19. ਜਿਲ੍ਹਾ ਇੰਨਫੋਰਮੈਟਿਕ ਅਫਸਰ, ਸਾਹਿਬਜਾਦਾ ਅਜੀਤ ਸਿੰਘ ਨਗਰ ਨੂੰ ਧਾਰਾ 144 ਦੇ ਹੁਕਮ ਜਿਲ੍ਹੇ ਦੀ ਵੈਬ ਸਾਈਟ ਤੇ ਅਪ ਲੋਡ ਕਰਨ ਸਬੰਧੀ।
20. ਸਕੱਤਰ, ਮਾਰਕੀਟ ਕਮੇਟੀ, ਖਰੜ, ਡੇਰਾਬਸੀ, ਕੁਰਾਲੀ, ਲਾਲੜੂ ਅਤੇ ਬਨੂੰੜ।
21. ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
22. ਜ਼ਿਲ੍ਹਾ ਸਿੱਖਿਆ ਅਫ਼ਸਰ, ਪ੍ਰਾਇਮਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
23. ਸੁਪਰਡੰਟ ਗਰੇਡ-1/ਪੀ.ਏ.ਟੂ ਡੀ.ਐਮ./ਸਟੈਨੋ ਟੂ ਏ.ਡੀ.ਐਮ:(ਜ)/ਸਟੈਨੋ ਟੂ ਸ:ਕ:(ਜ:/ਸਿ:) ਨੂੰ ਸੂਚਨਾ ਤੇ ਅਗਲੀ ਕਾਰਵਾਈ ਹਿੱਤ।

ਸੁਪਰਡੰਟ ਗ੍ਰੇਡ-1
ਵਾ:ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।